ਤਰਨਤਾਰਨ ’ਚ 9 ਸਤੰਬਰ ਨੂੰ ਕੀਤਾ ਜਾਵੇਗਾ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ

ਤਰਨਤਾਰਨ, 16 ਅਗਸਤ (                ) :

ਪੰਜਾਬ ਲੀਗਲ ਸਰਵਿਸਜ਼ ਅਥਾਰਟੀ ਚੰਡੀਗੜ੍ਹ ਦੇ ਦਿਸ਼ਾ-ਨਿਰਦੇਸ਼ਾ ਤਹਿਤ ਤਰਨਤਾਰਨ ਜ਼ਿਲ੍ਹੇ ਵਿੱਚ 9 ਸਤੰਬਰ 2017 ਨੂੰ ਨੈਸ਼ਨਲ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ। ਇਹ ਜਾਣਕਾਰੀ ਜ਼ਿਲ੍ਹਾ ਅਤੇ ਸ਼ੈਸਨ ਜਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਤਰਨਤਾਰਨ ਸ੍ਰੀਮਤੀ ਹਰਪ੍ਰੀਤ ਕੋਰ ਨੇ ਜ਼ਿਲ੍ਹੇ ਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀਆਂ ਨਾਲ ਕੀਤੀ ਗਈ ਵਿਸ਼ੇਸ਼ ਮੀਟਿੰਗ ਦੌਰਾਨ ਦਿੱਤੀ।



ਇਸ ਮੌਕੇ ’ਤੇ ਜ਼ਿਲ੍ਹਾ ਅਤੇ ਸੈਸ਼ਨ ਜੱਜ ਨੇ ਦੱਸਿਆ ਕਿ ਇਸ ਤਰ੍ਹਾਂ ਦੀਆਂ ਲੋਕ ਅਦਾਲਤਾਂ ਦੇਸ਼ ਦੀ ਹਰ ਤਹਿਸੀਲ ਤੋਂ ਲੈ ਕੇ ਸੁਪਰੀਮ ਕੋਰਟ ਤੱਕ ਲਗਾਈਆਂ ਜਾ ਰਹੀਆਂ ਹਨ। ਉਨ੍ਹਾਂ ਦੱਸਿਆ ਕਿ ਜੇਕਰ ਲੋਕ ਅਦਾਲਤ ਵਿੱਚ ਕਿਸੇ ਕੇਸ ਦਾ ਫ਼ੈਸਲਾ ਉਸੇ ਸਮੇਂ ਹੋ ਜਾਂਦਾ ਹੈ ਤਾਂ ਇਸ ਕੇਸ ਵਿੱਚ ਲੱਗੀ ਕੋਰਟ ਫੀਸ ਵੀ ਵਾਪਿਸ ਹੋ ਜਾਂਦੀ ਹੈ। ਉਨ੍ਹਾਂ ਤਰਨਤਾਰਨ ਵਾਸੀਆਂ ਨੂੰ ਅਪੀਲ ਕੀਤੀ ਕਿ 9 ਸਤੰਬਰ ਨੂੰ ਲੱਗ ਰਹੀ ਲੋਕ ਅਦਾਲਤ ਦਾ ਵੱਧ ਤੋਂ ਵੱਧ ਫਾਇਦਾ ਲੈਣ। ਮੀਟਿੰਗ ਵਿੱਚ ਪੁਲਿਸ ਵਿਭਾਗ, ਮਿਉਂਸੀਪਲ ਕੌਂਸਲ, ਪੀ.ਐਸ.ਪੀ.ਸੀ.ਐਲ., ਲੇਬਰ ਵਿਭਾਗ, ਜੰਗਲਾਤ ਵਿਭਾਗ, ਸਾਰੇ ਬੈਂਕਾਂ ਦੇ ਡੀ.ਬੀ.ਓ. ਅਤੇ ਇੰਸ਼ੋਰੈਂਸ ਕੰਪਨੀ ਦੇ ਅਫ਼ਸਰਾਂ ਨੇ ਹਿੱਸਾ ਲਿਆ।